# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:10 Pm**

**ਮਿਤੀ: 18-11-2024**

- ਪੰਜਾਬ ਵਿੱਚ ਚਾਰ ਅਸੈਂਬਲੀ ਹਲਕਿਆਂ ਵਿੱਚ 20 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਗਿਆ ਏ ।
- ਪੰਜਾਬ ਰਾਜ ਔਰਤ ਕਮਿਸ਼ਨ ਨੇ ਕਾਂਗਰਸੀ ਨੇਤਾ ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਔਰਤਾਂ ਬਾਰੇ ਕਥਿਤ ਤੌਰ ’ਤੇ ਕੀਤੀ ਟਿੱਪਣੀ 'ਤੇ ਓਹਨਾਂ ਨੂੰ ਨੋਟਿਸ ਜਾਰੀ ਕੀਤਾ ਏ ।
- ਪੰਜਾਬ ਵਿਚ ਹਾਲ ਹੀ ਵਿਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਨਵੇਂ ਚੁਣੇ ਗਏ ਪੰਚਾਂ ਨੂੰ ਭਲਕੇ ਅਹੁਦੇ ਦੀ ਸਹੁੰ ਚੁਕਾਈ ਜਾਵੇਗੀ ।
- ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ, ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਤਰੀਕ 15 ਦਸੰਬਰ ਤੱਕ ਵਧਾ ਦਿੱਤੀ ਗਈ ਏ ।

- ਜੰਮੂ-ਕਸ਼ਮੀਰ ‘ਚ ਬਰਫਬਾਰੀ ਤੋਂ ਬਾਅਦ ਪੰਜਾਬ ਤੇ ਚੰਡੀਗੜ੍ਹ ‘ਚ ਤਾਪਮਾਨ ‘ਚ ਗਿਰਾਵਟ ਦਰਜ ਕੀਤੀ ਗਈ ਏ ।

--------------------------------------------------------

ਪੰਜਾਬ ਵਿੱਚ ਚਾਰ ਅਸੈਂਬਲੀ ਹਲਕਿਆਂ ਵਿੱਚ 20 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਰਾਜਨੈਤਿਕ ਪਾਰਟੀਆਂ ਵੱਲੋਂ ਕੀਤਾ ਜਾ ਰਿਹਾ ਪ੍ਰਚਾਰ ਅੱਜ ਸ਼ਾਮ 5 ਵਜੇ ਸਮਾਪਤ ਹੋ ਗਿਆ ਏ । ਇਹਨਾਂ ਹਲਕਿਆਂ ਵਿੱਚ ਗਿੱਦੜਬਾਹਾ ,ਬਰਨਾਲਾ ,ਡੇਰਾ ਬਾਬਾ ਨਾਨਕ ਅਤੇ ਚੱਬੇਵਾਲ ਸ਼ਾਮਿਲ ਨੇ। ਇਹਨਾਂ ਸਾਰੀਆਂ ਥਾਵਾਂ ਤੇ ਹੀ ਤਿਕੋਣਾ ਮੁਕਾਬਲਾ ਏ । ਤਕਰੀਬਨ 7 ਲੱਖ ਵੋਟਰ ਇਹਨਾਂ ਜਿਮਨੀ ਚੋਣਾਂ ਵਿੱਚ ਨਿਤਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ ।

**ਪੇਸ਼ ਸਾਡੇ ਪੱਤਰਕਾਰ ਦੀ ਇੱਕ ਰਿਪੋਰਟ --ਪੰਜਾਬ ਦੀ ਸਭ ਤੋਂ ਵੱਡੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਹਨਾਂ ਚੋਣਾਂ ਵਿੱਚ ਹਿੱਸਾ ਨਾ ਲੈਣ ਦਾ ਪਹਿਲਾ ਹੀ ਐਲਾਨ ਕਰਨ ਮਗਰੋਂ ਤਿੰਨ ਮੁੱਖ ਪਾਰਟੀਆਂ ਭਾਜਪਾ ,ਕਾਂਗਰਸ ਅਤੇ ਸੂਬੇ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਚੋਣ ਮੈਦਾਨ ਵਿੱਚ ਨੇ । ਭਾਜਪਾ ਦੇ ਚੱਬੇਵਾਲ ਤੋਂ ਸੋਹਣ ਸਿੰਘ ਠੰਡਲ , ਡੇਰਾ ਬਾਬਾ ਨਾਨਕ ਤੋਂ ਰਵੀਕਰਨ ਕਾਹਲੋਂ ,**

ਗਿੱਦੜਬਾਹਾ ਤੋਂ ਮਨਪ੍ਰੀਤ ਬਾਦਲ ਅਤੇ ਬਰਨਾਲਾ ਤੋਂ ਕੇਵਲ ਸਿੰਘ ਢਿੱਲੋ ਨੂੰ ਮੈਦਾਨ ਵਿੱਚ ਨੇ। ਉਧਰ ਕਾਂਗਰਸ ਨੇ ਜਤਿੰਦਰ ਕੌਰ ਨੂੰ ਡੇਰਾ ਬਾਬਾ ਨਾਨਕ ਰਣਜੀਤ ਕੁਮਾਰ ਨੂੰ ਚੱਬੇਵਾਲ ਅੰਮ੍ਰਿਤਾ ਵੜਿੰਗ ਨੂੰ ਗਿੱਦੜਬਾਹਾ ਅਤੇ ਕੁਲਦੀਪ ਸਿੰਘ ਢਿੱਲੋ ਨੂੰ ਬਰਨਾਲਾ ਤੋਂ ਉਮੀਦਵਾਰ ਬਣਾਇਆ ਏ | ਸੱਤਾਧਾਰੀ ਪਾਰਟੀ 'ਆਪ' ਦੇ ਗੁਰਦੀਪ ਸਿੰਘ ਰੰਧਾਵਾ ਡੇਰਾ ਬਾਬਾ ਨਾਨਕ ਤੋਂ, ਇਸ਼ਾਨ ਚੱਬੇਵਾਲ ਤੋਂ ,ਹਰਦੀਪ ਸਿੰਘ ਡਿੰਪੀ ਢਿੱਲੋ ਗਿੱਦੜਬਾਹਾ ਅਤੇ ਹਰਿੰਦਰ ਸਿੰਘ ਧਾਲੀਵਾਲ ਬਰਨਾਲਾ ਤੋਂ ਚੋਣ ਮੈਦਾਨ ਵਿੱਚ ਨਿਤਰੇ ਨੇ | ਭਾਵੇਂ ਸਾਰੀਆਂ ਪਾਰਟੀਆਂ ਵੱਲੋਂ ਇਹ ਜ਼ਿਮਨੀ ਚੋਣਾਂ ਜਿੱਤਣ ਲਈ ਆਪਣੀ ਪੂਰੀ ਵਾਹ ਲਾਈ ਗਈ ਏ ਪ੍ਰੰਤੂ ਰਾਜਨੀਤਿਕ ਮਾਹਿਰਾਂ ਮੁਤਾਬਿਕ ਸੱਤਾਧਾਰੀ ਧਿਰ 'ਆਪ' ਨੂੰ ਮਿਲਣ ਵਾਲੀਆਂ ਵੋਟਾਂ ਤੇ ਸਭਨਾਂ ਦੀ ਜਿਆਦਾ ਨਜ਼ਰ ਰਹੇਗੀ | ਆਕਾਸ਼ਵਾਣੀ ਖਬਰਾਂ ਲਈ ਜਲੰਧਰ ਤੋਂ ਰਾਜੇਸ਼ ਬਾਲੀ।

---------------------------------------------------------------

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਵੱਲੋਂ ਗਿੱਦੜਬਾਹਾ ਵਿੱਚ ਔਰਤਾਂ ਬਾਰੇ ਕਥਿਤ ਤੌਰ ’ਤੇ ਕੀਤੀ ਟਿੱਪਣੀ ਇੰਟਰਨੈੱਟ ਮੀਡੀਆ 'ਤੇ ਵੀਡੀਓ ਵਾਇਰਲ

ਹੋਣ ਮਗਰੋਂ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਚੰਨੀ ਨੂੰ ਨੋਟਿਸ ਜਾਰੀ ਕਰ ਕੇ 19 ਨਵੰਬਰ ਮੰਗਲਵਾਰ ਨੂੰ ਮੋਹਾਲੀ ਦਫਤਰ ਵਿਖੇ 11 ਵਜੇ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਐ । ਰਾਜ ਮਹਿਲਾ ਕਮਿਸ਼ਨ ਨੇ ਇਹ ਵੀ ਕਿਹੈ ਕਿ ਜੇ ਚੰਨੀ ਮਿੱਥੇ ਸਮੇਂ ਪੇਸ਼ ਨਹੀਂ ਹੁੰਦੇ ਤਾਂ ਉਨ੍ਹਾਂ ਵਿਰੁਧ ਐਫਆਈਆਰ ਦਰਜ ਕਰਨ ਲਈ ਡੀਜੀਪੀ ਪੰਜਾਬ ਲਿਖ ਦਿੱਤਾ ਜਾਵੇਗਾ। ਕਮਿਸ਼ਨ ਵੱਲੋਂ ਚੰਨੀ ਨੂੰ ਜਾਰੀ ਇਕ ਪੱਤਰ ਵਿਚ ਇਹ ਕਿਹਾ ਗਿਆ ਐ ਕਿ ਜਦੋਂ ਚੰਨੀ ਐਤਵਾਰ ਨੂੰ ਗਿੱਦੜਬਾਹਾ ਵਿੱਚ ਕਾਂਗਰਸੀ ਉਮੀਦਵਾਰ ਦੇ ਹੱਕ ਵਿੱਚ ਜਨ ਸਭਾ ਨੂੰ ਸੰਬੋਧਨ ਕਰ ਰਹੇ ਸਨ , ਉਸ ਦੌਰਾਨ ਉਨ੍ਹਾਂ ਨੇ ਇਕ ਕਹਾਣੀ ਸੁਣਾਉਂਦੇ ਹੋਏ ਔਰਤਾਂ ਨੂੰ ਲੈ ਕੇ ਕਥਿਤ ਵਿਵਾਦਿਤ ਟਿੱਪਣੀ ਕੀਤੀ ਸੀ । ਇਸ ਤੋਂ ਇਲਾਵਾ ਚੰਨੀ 'ਤੇ ਕਥਿਤ ਤੌਰ ’ਤੇ ਦੋ ਧਾਰਮਿਕ ਭਾਈਚਾਰਿਆਂ ’ਤੇ ਵੀ ਵਿਵਾਦਿਤ ਬਿਆਨ ਦੇਣ ਦਾ ਇਲਜ਼ਾਮ ਐ।

---------------------------------------------------

ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਹਾਲ ਹੀ ਵਿਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਨਵੇਂ ਚੁਣੇ ਗਏ ਪੰਚਾਂ ਨੂੰ ਮੰਗਲਵਾਰ ਨੂੰ ਅਹੁਦੇ ਦੀ ਸਹੁੰ ਚੁਕਾਈ ਜਾਵੇਗੀ । ਵੱਖ-ਵੱਖ ਜ਼ਿਲ੍ਹਿਆਂ ਵਿਚ ਹੋਣ ਵਾਲੇ ਸਹੁੰ ਚੁਕ ਸਮਾਗਮਾਂ ਲਈ ਜ਼ਿਲ੍ਹਾ ਪੱਧਰ ’ਤੇ ਸਮਾਗਮ ਕਰਵਾਏ ਜਾ ਰਹੇ ਨੇ ਤੇ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਨੇ । ਇਨ੍ਹਾਂ ਸਮਾਗਮਾਂ ਦੌਰਾਨ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਨਵੇਂ ਚੁਣੇ ਗਏ 1653 ਪੰਚਾਂ ਨੂੰ 19 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਹਿਰੂ ਸਟੇਡੀਅਮ ਵਿਖੇ ਸਵੇਰੇ 11.30 ਵਜੇ ਅਹੁਦੇ ਦੀ ਸਹੁੰ ਚੁਕਾਉਣਗੇ । ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਹਾਲ ਹੀ ਵਿੱਚ ਹੋਈਆਂ ਪੰਚਾਇਤੀ ਚੋਣਾਂ ਵਿੱਚ ਜ਼ਿਲ੍ਹੇ ਦੀਆਂ ਨਵੀਆਂ ਚੁਣੀਆਂ 941 ਗਰਾਮ ਪੰਚਾਇਤਾਂ ਦੇ 6 ਹਜ਼ਾਰ 306 ਪੰਚਾਇਤ ਮੈਂਬਰਾਂ (ਪੰਚਾਂ) ਨੂੰ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਮੰਗਲਵਾਰ ਨੂੰ ਪਿੰਡ ਧਨਾਨਸੂ ਵਿਖੇ ਸਥਿਤ ਸਾਈਕਲ ਵੈਲੀ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਅਹੁਦੇ ਦੀ ਸਹੁੰ ਚੁੱਕਾਉਣਗੇ। ਮਾਲੇਰਕੋਟਲਾ ਦੀਆਂ 176 ਪੰਚਾਇਤਾਂ ਦੇ ਨਵੇਂ ਚੁਣੇ ਗਏ 1186 ਪੰਚਾਂ ਨੂੰ ਪੰਜਾਬ ਦੇ ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ, ਭੂਮੀ ਸੰਭਾਲ ਅਤੇ ਜਲ ਮੰਤਰੀ ਬਰਿੰਦਰ ਕੁਮਾਰ ਗੋਇਲ ਮੰਗਲਵਾਰ ਨੂੰ "ਦੀ ਟਰਨਿੰਗ ਪੁਆਇੰਟ ਰਿਜ਼ੋਰਟਸ" ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਅਹੁਦੇ ਦੀ ਹਲਫ਼ ਦਿਵਾਉਣਗੇ। ਸਮਾਗਮ ਦੀਆਂ ਤਿਆਰੀਆਂ ਦਾ

ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਜਾਇਜ਼ਾ ਲਿਆ।

----------------------------------------------------------------

ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ, ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਤਰੀਕ 15 ਦਸੰਬਰ ਤੱਕ ਵਧਾ ਦਿੱਤੀ ਗਈ ਏ, ਜਿਸ ਉਪਰੰਤ 16 ਦਸੰਬਰ ਨੂੰ ਵੋਟਰ ਸੂਚੀਆਂ ਤਿਆਰ ਕਰਨ ਤੋਂ ਇਲਾਵਾ, 2 ਜਨਵਰੀ, 2025 ਨੂੰ ਵੋਟਰ ਸੂਚੀਆਂ ਨਿਰਧਾਰਤ ਸੈਂਟਰਾਂ ’ਤੇ ਮੁਢਲੀ ਪ੍ਰਕਾਸ਼ਨਾ ਲਈ ਦਿੱਤੀਆਂ ਜਾਣਗੀਆਂ। ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆ ਦੱਸਿਆ ਕਿ ਯੋਗ ਵਿਅਕਤੀ ਨਿਰਧਾਰਤ ਤਰੀਕ ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਨੇ। ਉਨ੍ਹਾਂ ਦੱਸਿਆ ਕਿ ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਡਿਪਟੀ ਕਮਿਸ਼ਨਰ ਵੱਲੋਂ 3 ਜਨਵਰੀ, 2025 =ਨੂੰ ਮੁਢਲੀ ਵੋਟਰ ਸੂਚੀ ਦੀ ਪ੍ਰਕਾਸ਼ਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੀ ਅੰਤਿਮ ਤਰੀਕ 24 ਜਨਵਰੀ, 2025 ਹੋਵੇਗੀ, ਜਿਨ੍ਹਾਂ ਦਾ ਨਿਪਟਾਰਾ 5 ਫਰਵਰੀ, 2025 ਤੱਕ ਕੀਤਾ ਜਾਵੇਗਾ।

---------------------------------------------------

ਰਾਸ਼ਟਰੀ ਯੂਥ ਫੈਸਟੀਵਲ 2025 ਅਗਲੇ ਸਾਲ 11 ਅਤੇ 12 ਜਨਵਰੀ ਨੂੰ Viksit Bharat Young Leaders Dialogue ਵਜੋਂ ਮਨਾਇਆ ਜਾਏਗਾ । ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ ਡਾ: ਮਨਸੁਖ ਮੰਡਾਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਇਹ ਐਲਾਨ ਕੀਤਾ। ਆਪਣੇ ਸੰਬੋਧਨ ਦੌਰਾਨ ਸ੍ਰੀ ਮਾਂਡਵੀਆ ਨੇ ਕਿਹਾ ਕਿ, ਇਹ ਮੰਚ ਦੇਸ਼ ਦੀ ਨੌਜਵਾਨ ਸ਼ਕਤੀ ਨੂੰ ਗੱਲਬਾਤ ਕਰਨ ਅਤੇ ਆਪਣੇ ਨਜ਼ਰੀਏ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਾਹਮਣੇ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕਰੇਗਾ ਸ੍ਰੀ ਮਾਂਡਵੀਆ ਨੇ ਕਿਹਾ ਕਿ ਇਸ ਸੰਵਾਦ ਦਾ ਉਦੇਸ਼ ਦੇਸ਼ ਭਰ ਦੇ ਨੌਜਵਾਨਾਂ ਵਿੱਚ ਹੁਨਰ ਦੀ ਪਛਾਣ ਕਰਨਾ, ਉਨ੍ਹਾਂ ਨੂੰ ਹੁੰਗਾਰਾ ਦੇਣਾ, ਅਤੇ ਨਾਲ ਹੀ ਉਨ੍ਹਾਂ ਨੂੰ ਵਿਕਸਿਤ ਭਾਰਤ ਲਈ ਆਪਣੇ ਨਜ਼ਰੀਏ ਨੂੰ ਸਾਂਝਾ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕਰਨਾ ਏ । ਉਨ੍ਹਾਂ ਕਿਹਾ ਕਿ, ਇਹ ਮੰਚ ਨੌਜਵਾਨਾਂ ਨੂੰ ਚੋਟੀ ਦੇ ਫੈਸਲੇ ਲੈਣ ਵਾਲਿਆਂ ਅਤੇ ਉੱਘੀਆਂ ਵਿਸ਼ਵ ਅਤੇ ਰਾਸ਼ਟਰੀ ਸ਼ਖਸੀਅਤਾਂ ਨਾਲ ਜੋੜੇਗਾ । ਸ੍ਰੀ ਮਾਂਡਵੀਆ ਨੇ ਇਹ ਵੀ ਕਿਹਾ ਕਿ ਇਹ ਸੰਵਾਦ ਦੇਸ਼ ਦੇ ਨੌਜਵਾਨਾਂ ਨੂੰ ਵਿਕਸਿਤ ਭਾਰਤ ਦੇ ਸੰਚਾਲਕ ਬਣਨ ਲਈ ਸਮਰੱਥ ਬਣਾਉਣ’ਚ ਇੱਕ ਅਹਿਮ ਭੂਮਿਕਾ ਨਿਭਾਏਗਾ।

---------------------------------------------------------

ਨਵੇਂ ਸ਼ੁਰੂ ਕੀਤੇ ਗਏ Ayushman VayA Vandana ਯੋਜਨਾ Card ਨੇ 70 ਸਾਲ ਅਤੇ ਇਸ ਤੋਂ ਵੱਧ ਉਮਰ ਦੇ 10 ਲੱਖ ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਰਜਿਸਟਰ ਕਰਦਿਆਂ ਇੱਕ ਅਹਿਮ ਮੀਲ ਪੱਥਰ ਹਾਸਲ ਕੀਤਾ ਏ। ਇਸ ਕਾਰਡ ਨਾਲ ਬਜ਼ੁਰਗ ਨਾਗਰਿਕ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ (AB PM-JAY) ਤਹਿਤ ਮੁਫਤ ਸਿਹਤ ਸੰਭਾਲ ਲਾਭਾਂ ਦੀ ਵਰਤੋਂ ਕਰ ਸਕਦੇ ਨੇ. ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ 29 ਅਕਤੂਬਰ ਨੂੰ ਇਸਦੀ ਸ਼ੁਰੂਆਤ ਦੇ ਤਿੰਨ ਹਫ਼ਤਿਆਂ ਦੇ ਅੰਦਰ ਇਹ ਮੀਲ ਪੱਥਰ ਹਾਸਲ ਕੀਤਾ ਗਿਆ ਸੀ। ਆਯੁਸ਼ਮਾਨ ਵਯ ਵੰਦਨਾ ਕਾਰਡ ਤਹਿਤ ਲਗਭਗ 4 ਲੱਖ ਔਰਤਾਂ ਨੇ ਰਜਿਸਟਰ ਕੀਤਾ ਏ। ਲਾਂਚ ਤੋਂ ਲੈ ਕੇ, ਅਧਿਕਾਰਿਕ ਤੌਰ'ਤੇ 9 ਕਰੋੜ ਰੁਪਏ ਤੋਂ ਵੱਧ ਦੇ ਇਲਾਜ ਹੋਏ ਨੇ, ਜਿਸ ਨਾਲ 1 ਹਜ਼ਾਰ 400 ਤੋਂ ਵੱਧ ਔਰਤਾਂ ਸਮੇਤ 70 ਸਾਲ ਅਤੇ ਇਸ ਤੋਂ ਵੱਧ ਉਮਰ ਦੇ 4 ਹਜ਼ਾਰ 800 ਤੋਂ ਵੱਧ ਬਜ਼ੁਰਗਾਂ ਨੂੰ ਲਾਭ ਹੋ ਰਿਹਾ ਏ। ਇਹ ਇਲਾਜ ਕਈ ਤਰ੍ਹਾਂ ਦੀਆਂ ਬੀਮਾਰਿਆਂ ਨੂੰ ਕਵਰ ਕਰਦੇ ਨੇ, ਜਿਸ ਵਿੱਚ ਕੋਰੋਨਰੀ ਐਂਜੀਓਪਲਾਸਟੀ, ਕੁਲ੍ਹੇ ਦਾ ਫ੍ਰੈਕਚਰ ਅਤੇ ਇਸ ਨੂੰ ਬਦਲਣਾ, ਪਿੱਤੇ ਦੀ ਥੈਲੀ ਨੂੰ ਹਟਾਉਣਾ, ਮੋਤੀਆਬਿੰਦ ਦੀ ਸਰਜਰੀ, ਪ੍ਰੋਸਟੇਟ ਰੀਸੈਕਸ਼ਨ,

ਅਤੇ ਸਟ੍ਰੋਕ ਸ਼ਾਮਲ ਨੇ. PM-JAY ਦੇ ਇੱਕ ਅਹਿਮ ਪਸਾਰ ਨੂੰ ਕੇਂਦਰੀ ਮੰਤਰੀ ਮੰਡਲ ਵੱਲੋਂ ਇਸ ਸਾਲ ਦੇ ਸਤੰਬਰ ਵਿੱਚ ਮਨਜ਼ੂਰੀ ਦਿੱਤੀ ਗਈ ਸੀ, ਜੋ ਕਿ 70 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸੀਨੀਅਰ ਨਾਗਰਿਕਾਂ ਲਈ ਪਰਿਵਰਤਨਸ਼ੀਲ ਸਿਹਤ ਬੀਮਾ ਕਵਰੇਜ ਦਾ ਵਾਅਦਾ ਦਿੰਦਾ ਏ । ਇਸ ਕਦਮ ਦਾ ਉਦੇਸ਼ 4 ਕਰੋੜ 50 ਲਖ ਪਰਿਵਾਰਾਂ ਦੇ ਲਗਭਗ 6 ਕਰੋੜ ਬਜ਼ੁਰਗ ਨਾਗਰਿਕਾਂ ਨੂੰ ਲਾਭ ਪਹੁੰਚਾਉਣਾ ਏ । ਵਯ ਵੰਦਨਾ ਕਾਰਡ ਇੱਕ ਅਜਿਹਾ ਕਾਰਡ ਏ ਜੋ ਸਾਰੀਆਂ ਲਈ ਏ ਤੇ ਜਿਸ ਦੀ ਕੋਈ ਆਮਦਨ ਸੀਮਾ ਨਹੀਂ ਏ-ਭਾਵੇਂ ਵਿਅਕਤੀ ਗਰੀਬ, ਮੱਧ ਵਰਗ ਜਾਂ ਉੱਚ ਵਰਗ ਦਾ ਹੋਵੇ ।

-------------------------------------------------------

ਰੇਲਵੇ ਦੇ ਫ਼ਿਰੋਜ਼ਪੁਰ ਡਿਵਿਜ਼ਨ ਵੱਲੋਂ ਅੱਜ ਕਬਾਇਲੀਆਂ ਦੇ ਅਮੀਰ ਵਿਰਸੇ ਅਤੇ ਰਾਸ਼ਟਰ ਨਿਰਮਾਣ 'ਵਹ ਓਹਨਾਂ ਵਲੋਂ ਪਾਏ ਗਏ ਅਹਿਮ ਯੋਗਦਾਨ ਨੂੰ ਯਾਦ ਕਰਦਿਆਂ ਇੱਕ ਵਿਸ਼ੇਸ਼ ਪ੍ਰੋਗ੍ਰਾਮ ਕਰਾਇਆ ਗਿਆ. ਇਹ ਪ੍ਰੋਗ੍ਰਾਮ, ਧਰਤੀ- ਆਬਾ ਭਗਵਾਨ ਬਿਰਸਾ ਮੁੰਡਾ ਦੀ ਜਨਮ ਵਰ੍ਹੇਗੰਢ ਦੇ ਮੌਕੇ 'ਤੇ JANJATIYA GAURAV ਦਿਵਸ ਵੱਜੋਂ ਕਰਾਇਆ ਗਿਆ. ਇਸ ਦੌਰਾਨ ਕਬਾਇਲੀਆਂ ਦੇ ਸਭਿਆਚਾਰਕ ਵਿਰਸੇ ਅਤੇ ਆਜ਼ਾਦੀ ਦੀ ਲੜਾਈ 'ਚ ਓਹਨਾਂ ਵੱਲੋਂ ਪਾਏ ਗਏ ਵਡਮੁੱਲੇ

ਯੋਗਦਾਨ ਨੂੰ ਯਾਦ ਕੀਤਾ ਗਿਆ. ਇਸ ਤੋਂ ਇਲਾਵਾ ਅਮ੍ਰਿਤਸਰ, ਜਲੰਧਰ ਅਤੇ ਲੁਧਿਆਣਾ’ਚ ਲੇਖ ਅਤੇ ਚਿਤ੍ਰਕਾਰੀ ਮੁਕਾਬਲੇ ਅਤੇ ਅਜਿਹੇ ਹੋਰ ਪ੍ਰੋਗ੍ਰਾਮ ਕਰਾਏ ਗਏ. ਇਹ ਪ੍ਰੋਗ੍ਰਾਮ ਫ਼ਿਰੋਜ਼ਪੁਰ ਡਿਵਿਜ਼ਨ ਦੇ ਪ੍ਰਬੰਧਕ, ਸੰਜੈ ਸਾਹੂ ਦੀ ਪ੍ਰਧਾਨਗੀ ਹੇਠ ਹੋਏ

--------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀਆਂ ਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਝੋਨੇ ਦੀ ਖਰੀਦ ਤੇ ਚੁਕਾਈ ਦੇ ਪ੍ਰਬੰਧਾਂ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਹਦਾਇਤ ਕੀਤੀ ਕਿ ਝੋਨੇ ਦੀ ਖਰੀਦ ਤੇ ਚੁਕਾਈ ’ਚ ਹੋਰ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 11 ਲੱਖ 94 ਹਜ਼ਾਰ 712 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਐ, ਜਿਸ ਵਿਚੋਂ 10 ਲੱਖ 81 ਹਜ਼ਾਰ 612 ਮੀਟ੍ਰਿਕ ਟਨ ਝੋਨਾ ਵੱਖ-ਵੱਖ ਖਰੀਦ ਏਜੰਸੀਆਂ ਵਲੋਂ ਖਰੀਦਿਆਂ ਗਿਆ ਐ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਆਪਣੀ ਫਸਲ ਵੇਚਣ ’ਚ ਕੋਈ ਦਿੱਕਤ ਨਾ ਆਵੇ।

---

ਜੰਮੂ-ਕਸ਼ਮੀਰ ‘ਚ ਬਰਫਬਾਰੀ ਤੋਂ ਬਾਅਦ ਪੰਜਾਬ ਤੇ ਚੰਡੀਗੜ੍ਹ ‘ਚ ਮੌਸਮ ਠੰਡਾ ਹੋਣ ਲੱਗਾ ਏ। ਹਾਲਾਂਕਿ ਪਿਛਲੇ 24 ਘੰਟਿਆਂ ‘ਚ ਜ਼ਿਆਦਾ ਬਦਲਾਅ ਨਹੀਂ ਹੋਇਆ ਪਰ ਆਉਣ ਵਾਲੇ 5 ਦਿਨਾਂ ‘ਚ ਤਾਪਮਾਨ ‘ਚ 2 ਤੋਂ 5 ਡਿਗਰੀ ਦੀ ਗਿਰਾਵਟ ਆ। ਪੰਜਾਬ ‘ਚ ਅੱਜ ਵੀ ਧੁੰਦ ਨੂੰ ਲੈ ਕੇ ਅਲਰਟ ਜਾਰੀ ਏ। ਅੱਜ ਵੀ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਵਿਜ਼ੀਬਿਲਟੀ 50 ਮੀਟਰ ਤੋਂ ਵੀ ਘੱਟ ਰਹੀ ਏ। ਇਸ ਦੇ ਨਾਲ ਹੀ ਚੰਡੀਗੜ੍ਹ ‘ਚ ਧੁੰਦ ਦਾ ਅਲਰਟ ਨਹੀਂ ਏ ਪਰ ਪ੍ਰਦੂਸ਼ਣ ਕਾਰਨ ਹਵਾ ਦੀ ਗੁਣਵਤਾ ਕਾਫੀ ਖ਼ਰਾਬ ਏ।
ਮੌਸਮ ਵਿਭਾਗ ਅਨੁਸਾਰ ਜਲੰਧਰ ਸਮੇਤ ਪੰਜਾਬ ਦੇ 14 ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਾਜ਼ਿਲ ਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ ਮਾਨਸਾ ਅਤੇ ਸੰਗਰੂਰ ਵਿੱਚ ਧੁੰਦ ਦਾ ਅਸਰ ਦੇਖਣ ਨੂੰ ਮਿਲੇਗਾ। ਇੱਥੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਹਾਲਾਂਕਿ ਮੰਗਲਵਾਰ ਤੋਂ ਸਥਿਤੀ ਆਮ ਵਾਂਗ ਹੋਣ ਦੀ ਉਮੀਦ ਏ।

---

ਭਾਰਤੀ ਫੌਜ ਦੇ ਵਜਰ ਪੰਜਾਬ ਹਾਕੀ ਲੀਗ 2024 –

ਸੀਜ਼ਨ ਇਕ ਦੀ ਸ਼ੁਰੂਆਤ ਅੱਜ ਜਲੰਧਰ ਛਾਉਣੀ ਦੇ ਕਟੋਚ ਐਸਟ੍ਰੋਟਰਫ ਸਟੇਡੀਅਮ ਵਿਖੇ ਹੋਈ। ਸਮਾਰੋਹ ਵਿੱਚ ਵਜਰ ਕੋਰ ਦੇ ਜੀ.ਓ.ਸੀ. ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ ਟੂਰਨਾਮੈਂਟ ਦਾ ਰਸਮੀ ਉਦਘਾਟਨ ਕੀਤਾ। ਇਸ ਸੀਜ਼ਨ 'ਚ ਕੁੱਲ 16 ਟੀਮਾਂ ਹਿੱਸਾ ਲੈਣਗੀਆਂ।

-------------------------------------------------------

- ਪੰਜਾਬ ਵਿੱਚ ਚਾਰ ਅਸੈਂਬਲੀ ਹਲਕਿਆਂ ਵਿੱਚ 20 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਪ੍ਰਚਾਰ ਅੱਜ ਸ਼ਾਮ ਖਤਮ ਹੋ ਗਿਆ ਏ।
- ਪੰਜਾਬ ਰਾਜ ਔਰਤ ਕਮਿਸ਼ਨ ਨੇ ਕਾਂਗਰਸੀ ਨੇਤਾ ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਔਰਤਾਂ ਬਾਰੇ ਕਥਿਤ ਤੌਰ ’ਤੇ ਕੀਤੀ ਟਿੱਪਣੀ 'ਤੇ ਓਹਨਾਂ ਨੂੰ ਨੋਟਿਸ ਜਾਰੀ ਕੀਤਾ ਏ।
- ਪੰਜਾਬ ਵਿਚ ਹਾਲ ਹੀ ਵਿਚ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਨਵੇਂ ਚੁਣੇ ਗਏ ਪੰਚਾਂ ਨੂੰ ਭਲਕੇ ਅਹੁਦੇ ਦੀ ਸਹੁੰ ਚੁਕਾਈ ਜਾਵੇਗੀ।
- ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ, ਵੋਟਰਾਂ ਦੀ ਰਜਿਸਟ੍ਰੇਸ਼ਨ ਦੀ ਤਰੀਕ 15 ਦਸੰਬਰ ਤੱਕ ਵਧਾ ਦਿੱਤੀ ਗਈ ਏ।

- ਜੰਮੂ-ਕਸ਼ਮੀਰ ‘ਚ ਬਰਫਬਾਰੀ ਤੋਂ ਬਾਅਦ ਪੰਜਾਬ ਤੇ ਚੰਡੀਗੜ੍ਹ ‘ਚ ਤਾਪਮਾਨ ‘ਚ ਗਿਰਾਵਟ ਦਰਜ ਕੀਤੀ ਗਈ ਏ।